# ਦਫ਼ਤਰ ਜ਼ਿਲਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

ਹੁਕਮ:-

ਪੰਜਾਬ ਵਿਧਾਨ ਸਭਾ ਚੋਣਾਂ 2022 ਦੀ ਪ੍ਰੀਕ੍ਰਿਆ ਸ਼ੁਰੂ ਹੋ ਚੁੱਕੀ ਹੈ ਅਤੇ ਇਹ ਚੋਣਾਂ ਨੇੜਲੇ ਭਵਿੱਖ ਵਿੱਚ ਹੋਣ ਜਾ ਰਹੀਆਂ ਹਨ। ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੋਣਾਂ ਦੌਰਾਨ ਅਮਨ ਅਤੇ ਕਾਨੂੰਨ ਦੀ ਵਿਵਸਥਾ ਨੂੰ ਕਾਇਮ ਰੱਖਣ ਲਈ ਸਮੂਹ ਲਾਇਸੰਸ ਸ਼ੁਦਾ ਹਥਿਆਰ ਰੱਖਣ ਵਾਲੇ ਵਿਅਕਤੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਆਪਣਾ ਅਸਲਾ (ਹਥਿਆਰ) ਨੇੜਲੇ ਪੁਲਿਸ ਸਟੇਸ਼ਨ ਜਾਂ ਅਧਿਕਾਰਤ ਅਸਲਾ ਡੀਲਰ ਪਾਸ ਜਮਾਂ ਕਰਵਾਏ। ਆਮ ਵੇਖਣ ਵਿੱਚ ਆਇਆ ਹੈ ਕਿ ਚੋਣਾਂ ਦੌਰਾਨ ਲੜਾਈ ਝਗੜੇ ਹੋਣ ਦਾ ਅੰਦੇਸ਼ਾ ਬਣਿਆ ਰਹਿੰਦਾ ਹੈ। ਚੋਣਾਂ ਦੌਰਾ ਅਮਲ ਅਤੇ ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਲਈ ਅਸਲਾ ਧਾਰਕਾਂ ਪਾਸੋਂ ਉਹਨਾਂ ਦੇ ਅਸਲੇ ਨੂੰ ਜਮਾਂ ਕਰਵਾਉਣਾ ਅਤਿ ਜਰੂਰੀ ਹੈ ਤਾਂ ਜੋ ਕਿਸੇ ਕਿਸਮ ਦੀ ਅਣਸੁਖਾਵੀਂ ਘਟਨਾ ਨਾ ਵਾਪਰੇ।

ਇਸ ਲਈ ਮੈਂ, ਸੰਜਮ ਅਗਰਵਾਲ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ, ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਪਠਾਨਕੋਟ ਦੇ ਅਧਿਕਾਰ ਖੇਤਰ ਵਿੱਚ ਵਿਧਾਨ ਸਭਾ ਚੋਣਾਂ ਦੌਰਾਨ ਹਰ ਕਿਸਮ ਦੇ ਅਗਨ-ਸ਼ਸਤਰ/ਹਥਿਆਰ ਨੂੰ ਲੈ ਕੇ ਚੱਲਣ ਤੇ ਮੁਕੰਮਲ ਤੌਰ ਤੇ ਪਾਬੰਦੀ ਲਗਾਉਂਦਾ ਹਾਂ ਅਤੇ ਅਸਲਾ ਲਾਇਸੰਸ ਧਾਰਕਾਂ ਨੂੰ ਹਦਾਇਤ ਕਰਦਾ ਹਾਂ

ਕਿ ਉਹ ਆਪਣਾ ਅਸਲਾ ਮਿਤੀ 05:01:2022 ਤੱਕ ਆਪਣੇ ਨਾਲ ਸਬੰਧਤ ਥਾਣੇ ਵਿੱਚ ਜਮ੍ਹਾਂ ਕਰਵਾਉਣ। ਇਹ ਹੁਕਮ ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸ ਅਤੇ ਵਰਦੀਧਾਰੀ ਪੁਲਿਸ ਕਰਮਚਾਰੀਆਂ ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ ਇਕਤਰਫਾ ਪਾਸ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 21:12:2021 ਤੋਂ ਚੋਣ ਪ੍ਰਕਿਰਿਆ ਖਤਮ ਹੋਣ ਤੱਕ ਲਾਗੂ ਰਹਿਣਗੇ।

ਇਸ ਹੁਕਮ ਦਾ ਪ੍ਰਚਾਰ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ, ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਰਾਹੀਂ ਕਰਵਾਕੇ ਅਤੇ ਜਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟ, ਪਠਾਨਕੋਟ ਅਤੇ ਧਾਰਕਲ੍ਹਾਂ, ਤਹਿਸੀਲਦਾਰ ਪਠਾਨਕੋਟ ਅਤੇ ਧਾਰਕਲ੍ਹਾਂ, ਅਤੇ ਸਰਕਾਰੀ ਦਫਤਰਾਂ ਦੇ ਨੋਟਿਸ ਬੋਰਡਾਂ ਤੇ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਇਹ ਹੁਕਮ ਲਾਗੂ ਕੀਤਾ ਜਾਵੇਗਾ ਅਤੇ ਆਮ ਜਨਤਾ ਵਿੱਚ ਪਹੁੰਚਾਇਆ ਜਾਵੇਗਾ।

ਇਹ ਹੁਕਮ ਅੱਜ ਮਿਤੀ 21:12:2021 ਨੂੰ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਕੀਤਾ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰ:ਐਮ.ਏ./ 12667-94 ਮਿਤੀ 21/12/2021

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਮੁੱਖ ਚੋਣ ਕਮਿਸ਼ਨਰ,ਪੰਜਾਬ ਚੰਡੀਗੜ।
2) ਪ੍ਰਮੁੱਖ ਸਕੱਤਰ, ਗ੍ਰਹਿ ਮਾਮਲੇ ਅਤੇ ਨਿਆ ਵਿਭਾਗ, ਪੰਜਾਬ, ਚੰਡੀਗੜ੍ਹ।
3) ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ।
4) ਡੀ.ਆਈ.ਜੀ., ਸੀ.ਆਈ.ਡੀ., ਪੰਜਾਬ ਚੰਡੀਗੜ।
5) ਕਮਿਸ਼ਨਰ, ਜਲੰਧਰ/ਫਿਰੋਜਪੁਰ/ਪਟਿਆਲਾ/ਫਰੀਦਕੋਟ/ਰੋਪੜ।
6) ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਅਮ੍ਰਿਤਸਰ।
7) ਸਮੂਹ ਜ਼ਿਲ੍ਹਾ ਮੈਜਿਸਟਰੇਟ, ਪੰਜਾਬ ਰਾਜ।
8) ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਠਾਨਕੋਟ/ਗੁਰਦਾਸਪੁਰ।
9) ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
10) ਡਾਇਰੈਕਟਰ ਆਲ ਇੰਡੀਆ ਰੇਡੀਓ. ਅਤੇ ਦੂਰਦਰਸ਼ਨ ਜਲੰਧਰ।
11) ਵਧੀਕ ਡਿਪਟੀ ਕਮਿਸ਼ਨਰ ਪਠਾਨਕੋਟ।
12) ਜਿਲ੍ਹਾ ਟਰਾਂਸਪੋਰਟ ਅਫਸਰ ਪਠਾਨਕੋਟ।
13) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰ ਕਲ੍ਹਾਂ।
14) ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਪਠਾਨਕੋਟ।
15) ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਠਾਨਕੋਟ ਨੂੰ ਆਮ ਲੋਕਾਂ ਵਿੱਚ ਪ੍ਰਚਾਰ ਕਰਨ ਹਿੱਤ ਭੇਜਿਆ ਜਾਂਦਾ ਹੈ।
16) ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ ਜਿਲ੍ਹਾ ਪਠਾਨਕੋਟ।
17) ਤਹਿਸੀਲਦਾਰ, ਚੋਣ,ਪਠਾਨਕੋਟ/ਧਾਰਕਲਾਂ।
18) ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਜਿਲ੍ਹਾ ਪਠਾਨਕੋਟ।
19) ਸਮੂਹ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਪਠਾਨਕੋਟ।
20) ਪੀ.ਏ ਟੂ ਜ਼ਿਲ੍ਹਾ ਮੈਜਿਸਟਰੇਟ, ਸਟੈਨੋ ਟੂ ਵਧੀਕ ਡਿਪਟੀ ਕਮਿਸ਼ਨਰ/ਸਹਾਇਕ ਕਮਿਸ਼ਨਰ(ਜ)/ਪਠਾਨਕੋਟ।

DISTRICT MAGISTRATE PATHANKOT

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

Scanned with CamScanner